**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਰਾਜਿੰਦਰ ਸਿੰਘ,
ਪੁੱਤਰ ਸ਼੍ਰੀ ਮਹਾਵੀਰ ਸਿੰਘ,
ਪਿੰਡ ਤੇ ਡਾਕਖਾਨਾ ਅਮਰਪੁਰਾ (ਵਹਾਬ ਵਾਲਾ),
ਤਹਿਸੀਲ ਅਬੋਹਰ,
ਜ਼ਿਲ੍ਹਾ ਫਾਜ਼ਿਲਕਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪ੍ਰਿੰਸੀਪਲ ਡੀ.ਏ.ਵੀ. ਕਾਲਿਜ, ਅਬੋਹਰ,
ਜ਼ਿਲ੍ਹਾ ਫਾਜ਼ਿਲਕਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਚੇਅਰਮੈਨ ਡੀ.ਏ.ਵੀ. ਮੈਨੇਜਿੰਗ ਕਮੇਟੀ,
ਡੀ.ਏ.ਵੀ. ਕਾਲਿਜ ਅਬੋਹਰ,
ਜ਼ਿਲ੍ਹਾ ਫਾਜ਼ਿਲਕਾ। -------ਉੱਤਰਦਾਤਾ

**ਅਪੀਲ ਕੇਸ ਨੰ: 732/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਸ਼੍ਰੀ ਪ੍ਰੇਮ ਕੁਮਾਰ, ਐਡਵੋਕੇਟ (94171-67929)।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਹਰਸ਼ਿਤ ਜੈਨ, ਐਡਵੋਕੇਟ (98156-67711)।

**ਹੁਕਮ:**

ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਵੱਲੋਂ ਹਾਜ਼ਰ ਪ੍ਰੇਮ ਕੁਮਾਰ, ਐਡਵੋਕੇਟ ਨੇ ਕਿਹਾ ਹੈ ਕਿ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਹਰਸ਼ਿਤ ਜੈਨ, ਐਡਵੋਕੇਟ ਨੇ ਕਿਹਾ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਤੀਜੀ ਧਿਰ (ਸਹਾਹਿਕ ਪ੍ਰੋਫੈਸਰ ਬ੍ਰਿਜ ਮੋਹਨ) ਨਾਲ ਸਬੰਧਤ ਨਿੱਜੀ ਸੂਚਨਾ ਹੋਣ ਕਾਰਨ ਅਪੀਲਕਰਤਾ ਨੂੰ ਦਿੱਤੀ ਨਹੀਂ ਜਾ ਸਕਦੀ। ਉਨ੍ਹਾਂ ਵੱਲੋਂ ਇਹ ਵੀ ਕਿਹਾ ਗਿਆ ਕਿ ਇਸ ਸਬੰਧੀ ਉਨ੍ਹਾਂ ਵੱਲੋਂ ਆਪਣੇ ਪੱਤਰ, ਮਿਤੀ 23-05-2109 ਰਾਹੀਂ ਆਪਣਾ ਲਿਖਤੀ ਜਵਾਬ ਵੀ ਪਹਿਲਾਂ ਹੀ ਕਮਿਸ਼ਨ ਨੂੰ ਭੇਜਿਆ ਹੋਇਆ ਹੈ।

2. ਅਪੀਲਕਰਤਾ ਦੀ ਆਰ.ਟੀ.ਆਈ. ਨੂੰ ਵਾਚਣ ਤੇ ਇਹ ਪਾਇਆ ਗਿਆ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸਾਰੀ ਸੂਚਨਾ ਤੀਜੀ ਧਿਰ ਜਾਂ ਨਿੱਜੀ ਸੂਚਨਾ ਨਹੀਂ ਬਣਦੀ।ਇਸ ਕਰਕੇ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਜਵਾਬ ਸਹੀ ਨਹੀਂ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸਹਾਹਿਕ ਪ੍ਰੋਫੈਸਰ ਬ੍ਰਿਜ ਮੋਹਨ ਦੀ ਹਾਜ਼ਰੀ ਨਾਲ ਸਬੰਧਤ ਹਾਜ਼ਰੀ ਰਜਿਸਟਰ ਦੀ ਕਾਪੀ ਅਪੀਲਕਰਤਾ ਨੂੰ ਮੁਹੱਈਆ ਕਰਵਾਉਂਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ, ਮਿਤੀ 25-06-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ**

**ਮਿਤੀ, ਚੰਡੀਗੜ੍ਹ, 03 ਜੂਨ, 2019.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਰਾਜਿੰਦਰ ਸਿੰਘ,
ਪੁੱਤਰ ਸ਼੍ਰੀ ਮਹਾਵੀਰ ਸਿੰਘ,
ਪਿੰਡ ਤੇ ਡਾਕਖਾਨਾ ਅਮਰਪੁਰਾ (ਵਹਾਬ ਵਾਲਾ),
ਤਹਿਸੀਲ ਅਬੋਹਰ,
ਜ਼ਿਲ੍ਹਾ ਫਾਜ਼ਿਲਕਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪ੍ਰਿੰਸੀਪਲ ਡੀ.ਏ.ਵੀ. ਕਾਲਿਜ, ਅਬੋਹਰ,
ਜ਼ਿਲ੍ਹਾ ਫਾਜ਼ਿਲਕਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਚੇਅਰਮੈਨ ਡੀ.ਏ.ਵੀ. ਮੈਨੇਜਿੰਗ ਕਮੇਟੀ,
ਡੀ.ਏ.ਵੀ. ਕਾਲਿਜ ਅਬੋਹਰ,
ਜ਼ਿਲ੍ਹਾ ਫਾਜ਼ਿਲਕਾ। -------ਉੱਤਰਦਾਤਾ

**ਅਪੀਲ ਕੇਸ ਨੰ: 741/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਸ਼੍ਰੀ ਪ੍ਰੇਮ ਕੁਮਾਰ, ਐਡਵੋਕੇਟ (94171-67929)।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਹਰਸ਼ਿਤ ਜੈਨ, ਐਡਵੋਕੇਟ (98156-67711)।

**ਹੁਕਮ:**

ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਵੱਲੋਂ ਹਾਜ਼ਰ ਪ੍ਰੇਮ ਕੁਮਾਰ, ਐਡਵੋਕੇਟ ਨੇ ਕਿਹਾ ਹੈ ਕਿ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਹਰਸ਼ਿਤ ਜੈਨ, ਐਡਵੋਕੇਟ ਨੇ ਕਿਹਾ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਤੀਜੀ ਧਿਰ (ਸਹਾਹਿਕ ਪ੍ਰੋਫੈਸਰ ਬ੍ਰਿਜ ਮੋਹਨ) ਨਾਲ ਸਬੰਧਤ ਨਿੱਜੀ ਸੂਚਨਾ ਹੋਣ ਕਾਰਨ ਅਪੀਲਕਰਤਾ ਨੂੰ ਦਿੱਤੀ ਨਹੀਂ ਜਾ ਸਕਦੀ। ਉਨ੍ਹਾਂ ਵੱਲੋਂ ਇਹ ਵੀ ਕਿਹਾ ਗਿਆ ਕਿ ਇਸ ਸਬੰਧੀ ਉਨ੍ਹਾਂ ਵੱਲੋਂ ਆਪਣੇ ਪੱਤਰ, ਮਿਤੀ 23-05-2109 ਰਾਹੀਂ ਆਪਣਾ ਲਿਖਤੀ ਜਵਾਬ ਵੀ ਪਹਿਲਾਂ ਹੀ ਕਮਿਸ਼ਨ ਨੂੰ ਭੇਜਿਆ ਹੋਇਆ ਹੈ।

2. ਅਪੀਲਕਰਤਾ ਦੀ ਆਰ.ਟੀ.ਆਈ. ਨੂੰ ਵਾਚਣ ਤੇ ਇਹ ਪਾਇਆ ਗਿਆ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸਾਰੀ ਸੂਚਨਾ ਤੀਜੀ ਧਿਰ ਜਾਂ ਨਿੱਜੀ ਸੂਚਨਾ ਨਹੀਂ ਬਣਦੀ।ਇਸ ਕਰਕੇ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਜਵਾਬ ਸਹੀ ਨਹੀਂ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਡੀ.ਏ.ਵੀ. ਕਾਲਜ ਅਬੋਹਰ ਵਿਖੇ ਸਹਾਇਕ ਪ੍ਰੋਫੈਸਰ ਅਤੇ ਪ੍ਰੋਫੈਸਰ ਦਾ ਸਿਲੈਕਸ਼ਨ ਕਰੀਟੇਰੀਆ/ਵਿਧੀ ਅਤੇ ਇਸ਼ਤਿਹਾਰ ਦੀ ਕਾਪੀ ਅਪੀਲਕਰਤਾ ਨੂੰ ਮੁਹੱਈਆ ਕਰਵਾਉਂਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ, ਮਿਤੀ 25-06-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ, ਚੰਡੀਗੜ੍ਹ, 03 ਜੂਨ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਸਪਾਲ ਸਿੰਘ,
ਪੁੱਤਰ ਸ਼੍ਰੀ ਰਾਮ ਆਸਰਾ,
ਵਾਸੀ ਪਿੰਡ ਵਾਹਿਦਪੁਰ,
ਡਾਕਖਾਨਾ ਮੋਇਲਾ ਵਾਹਿਦਪੁਰ,
ਤਹਿਸੀਲ ਗੜ੍ਹਸ਼ੰਕਰ, ਜ਼ਿਲ੍ਹਾ ਹੁਸ਼ਿਆਰਪੁਰ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪ੍ਰਿੰਸੀਪਲ,
ਬੀ.ਏ.ਐਮ. ਖਾਲਸਾ ਕਾਲਿਜ,
ਗੜ੍ਹਸ਼ੰਕਰ, ਜ਼ਿਲ੍ਹਾ ਹੁਸ਼ਿਆਰਪੁਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਪ੍ਰਿੰਸੀਪਲ,
ਬੀ.ਏ.ਐਮ. ਖਾਲਸਾ ਕਾਲਿਜ,
ਗੜ੍ਹਸ਼ੰਕਰ, ਜ਼ਿਲ੍ਹਾ ਹੁਸ਼ਿਆਰਪੁਰ। ........ਉੱਤਰਦਾਤਾ

**ਅਪੀਲ ਕੇਸ ਨੰ:3915 ਆਫ਼ 2018**

**ਹਾਜ਼ਰ:-**

1) ਸ਼੍ਰੀ ਜਸਪਾਲ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਪਰਮਿੰਦਰ ਸਿੰਘ, ਸੁਪਰਡੰਟ (94174-75777)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 05-07-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਪ੍ਰਿੰਸੀਪਲ, ਬੀ.ਏ.ਐਮ. ਖਾਲਸਾ ਕਾਲਿਜ, ਗੜ੍ਹਸ਼ੰਕਰ, ਜ਼ਿਲ੍ਹਾ ਹੁਸ਼ਿਆਰਪੁਰ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਅਪੀਲਕਰਤਾ ਨੇ ਕਾਲਿਜ ਦੇ ਪੱਤਰ ਨੰ: ਬੀ.ਏ.ਐਮ.ਕੇ.ਸੀ. -6540, ਮਿਤੀ 30-06-2018 ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਮੰਗੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਸੂਚਨਾ ਨਾ ਦੇਣ ਕਾਰਨ ਅਪੀਲਕਰਤਾ ਨੇ ਮਿਤੀ 14-08-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 15-11-2018 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਣ ਉਪਰੰਤ ਕਮਿਸ਼ਨ ਵੱਲੋਂ ਮਿਤੀ 05-12-2018 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਮਿਤੀ 21-01-2019 ਨੂੰ ਸਵੇਰੇ 11-30 ਵਜੇ ਪਹਿਲੀ ਸੁਣਵਾਈ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਪਰਮਿੰਦਰ ਸਿੰਘ, ਸੁਪਰਡੰਟ ਨੇ ਪੱਤਰ ਨੰ: ਬੀ.ਏ.ਐਮ.ਕੇ.ਸੀ./7302, ਮਿਤੀ 01-06-2019 ਜ਼ੋ ਕਿ ਅਪੀਲਕਰਤਾ ਨੂੰ ਸੰਬੋਧਿਤ ਹੈ, ਦੀ ਕਾਪੀ ਪੇਸ਼ ਕੀਤੀ ਹੈ ਜਿਸ ਰਾਹੀਂ ਅਪੀਲਕਰਤਾ ਨੂੰ ਸੂਚਨਾ ਦਸਤੀ ਦੇ ਦਿੱਤੀ ਗਈ ਹੈ। ਅਪੀਲਕਰਤਾ ਨੇ ਸੂਚਨਾ ਪ੍ਰਾਪਤ ਕਰ ਲਈ ਹੈ ਪਰੰਤੂ ਉਸ ਨੇ ਕਿਹਾ ਹੈ ਕਿ ਉਹ ਇਸ ਸੂਚਨਾ ਤੋਂ ਸੰਤੁਸ਼ਟ ਨਹੀਂ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਦਿੱਤੀ ਗਈ ਸੂਚਨਾ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਈ ਗਈ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ, ਚੰਡੀਗੜ੍ਹ, 03 ਜੂਨ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਹਰਦੀਪ ਸਿੰਘ,
ਪੁੱਤਰ ਸ਼੍ਰੀ ਬੂਝਾ ਸਿੰਘ,
ਵਾਸੀ ਪਿੰਡ ਭੰਮੀਆਂ,
ਡਾਕਖਾਨਾ ਤੇ ਤਹਿਸੀਲ ਗੜ੍ਹਸ਼ੰਕਰ,
ਜ਼ਿਲ੍ਹਾ ਹੁਸ਼ਿਆਰਪੁਰ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪ੍ਰਿੰਸੀਪਲ,
ਬੀ.ਏ.ਐਮ. ਖਾਲਸਾ ਕਾਲਿਜ,
ਗੜ੍ਹਸ਼ੰਕਰ, ਜ਼ਿਲ੍ਹਾ ਹੁਸ਼ਿਆਰਪੁਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਪ੍ਰਿੰਸੀਪਲ,
ਬੀ.ਏ.ਐਮ. ਖਾਲਸਾ ਕਾਲਿਜ,
ਗੜ੍ਹਸ਼ੰਕਰ, ਜ਼ਿਲ੍ਹਾ ਹੁਸ਼ਿਆਰਪੁਰ। .........ਉੱਤਰਦਾਤਾ

**ਅਪੀਲ ਕੇਸ ਨੰ:3916 ਆਫ਼ 2018**

**ਹਾਜ਼ਰ:-**

1) ਸ਼੍ਰੀ ਹਰਦੀਪ ਸਿੰਘ ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਪਰਮਿੰਦਰ ਸਿੰਘ, ਸੁਪਰਡੰਟ (94174-75777)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 05-07-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਪ੍ਰਿੰਸੀਪਲ, ਬੀ.ਏ.ਐਮ. ਖਾਲਸਾ ਕਾਲਿਜ, ਗੜ੍ਹਸ਼ੰਕਰ, ਜ਼ਿਲ੍ਹਾ ਹੁਸ਼ਿਆਰਪੁਰ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਅਪੀਲਕਰਤਾ ਨੇ ਕਾਲਿਜ ਦੇ ਪੱਤਰ ਨੰ: ਬੀ.ਏ.ਐਮ.ਕੇ.ਸੀ. -6541, ਮਿਤੀ 30-06-2018 ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਮੰਗੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਸੂਚਨਾ ਨਾ ਦੇਣ ਕਾਰਨ ਅਪੀਲਕਰਤਾ ਨੇ ਮਿਤੀ 14-08-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 15-11-2018 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਣ ਉਪਰੰਤ ਕਮਿਸ਼ਨ ਵੱਲੋਂ ਮਿਤੀ 05-12-2018 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਮਿਤੀ 21-01-2019 ਨੂੰ ਸਵੇਰੇ 11-30 ਵਜੇ ਪਹਿਲੀ ਸੁਣਵਾਈ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਪਰਮਿੰਦਰ ਸਿੰਘ, ਸੁਪਰਡੰਟ ਨੇ ਪੱਤਰ ਨੰ: ਬੀ.ਏ.ਐਮ.ਕੇ.ਸੀ./7301, ਮਿਤੀ 01-06-2019 ਜ਼ੋ ਕਿ ਅਪੀਲਕਰਤਾ ਨੂੰ ਸੰਬੋਧਿਤ ਹੈ, ਦੀ ਕਾਪੀ ਪੇਸ਼ ਕੀਤੀ ਹੈ ਜਿਸ ਰਾਹੀਂ ਅਪੀਲਕਰਤਾ ਨੂੰ ਸੂਚਨਾ ਦਸਤੀ ਦੇ ਦਿੱਤੀ ਗਈ ਹੈ। ਅਪੀਲਕਰਤਾ ਨੇ ਸੂਚਨਾ ਪ੍ਰਾਪਤ ਕਰ ਲਈ ਹੈ ਪਰੰਤੂ ਉਸ ਨੇ ਕਿਹਾ ਹੈ ਕਿ ਉਹ ਇਸ ਸੂਚਨਾ ਤੋਂ ਸੰਤੁਸ਼ਟ ਨਹੀਂ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਦਿੱਤੀ ਗਈ ਸੂਚਨਾ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਈ ਗਈ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ, ਚੰਡੀਗੜ੍ਹ, 03 ਜੂਨ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀਮਤੀ ਸੁਖਵੀਰ ਕੌਰ ਵਾਲੀਆ,
ਪਤਨੀ ਲੇਟ ਸ਼੍ਰੀ ਅਸ਼ੋਕ ਵਾਲੀਆ,
ਮਕਾਨ ਨੰ:126, ਗਲੀ ਨੰ:5,
ਨੌਰਥ ਅਸਟੇਟ, ਬਠਿੰਡਾ-151001. -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ), ਪੰਜਾਬ,
ਸਿੱਖਿਆ ਭਵਨ, ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ), ਪੰਜਾਬ,
ਸਿੱਖਿਆ ਭਵਨ, ਮੁਹਾਲੀ।

(ਰਜਿਸਟਰਡ) ਲੋਕ ਸੂਚਨਾ ਅਧਿਕਾਰੀ, (ਨਾਂ ਤੇ)
ਦਫਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ), ਪੰਜਾਬ,
ਸਿੱਖਿਆ ਭਵਨ, ਮੁਹਾਲੀ। ------ਉੱਤਰਦਾਤਾ

**ਅਪੀਲ ਕੇਸ ਨੰ: 491/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 29-06-2018, ਲੋਕ ਸੂਚਨਾ ਅਧਿਕਾਰੀ ਦਫਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ), ਪੰਜਾਬ, ਮੁਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪੰਜਾਬ ਸਰਕਾਰ ਦੇ ਨੋਟੀਫਿਕੇਸ਼ਨ ਨੰ:6860, ਮਿਤੀ 24-03-99 ਜਿਸ ਰਾਹੀਂ ਐਫੀਲੀਏਟਿਡ ਕਾਲਿਜਾਂ ਦੇ ਸਹਾਇਤਾ ਪ੍ਰਾਪਤ ਅਧਿਆਪਕਾਂ ਨੂੰ ਸੋਧਿਆ ਹੋਇਆ ਸਕੇਲ ਦਿੱਤਾ ਗਿਆ ਸੀ, ਡੀ.ਪੀ.ਆਈ.(ਕ) ਦੇ ਪੱਤਰ, ਮਿਤੀ 24-3-95 ਅਤੇ ਪੰਜਾਬ ਸਰਕਾਰ ਦੇ ਪੱਤਰ, ਮਿਤੀ 03-06-2003 ਨਾਲ ਸਬੰਧਤ 03 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 24-08-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 24-01-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 13-02-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 18-03-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ ਪਰੰਤੂ ਬਾਅਦ ਵਿੱਚ ਇਸ ਕੇਸ ਦੀ ਸੁਣਵਾਈ ਮੁਲਤਵੀ ਕਰਕੇ ਇਹ ਕੇਸ ਮਿਤੀ 20-03-2019 ਨੂੰ ਸਵੇਰੇ 11:30 ਵਜੇ ਸੁਣਵਾਈ ਲਈ ਨਿਸਚਿਤ ਕੀਤਾ ਗਿਆ ਸੀ।

2. ਪੇਸ਼ੀ, ਮਿਤੀ 20-03-2019 ਤੇ ਅਪੀਲਕਰਤਾ ਵੱਲੋਂ ਹਾਜ਼ਰ, ਸ਼੍ਰੀ ਵਰੁਣ ਬਾਂਸਲ, ਆਰ.ਟੀ.ਆਈ. ਕੌਂਸਲਰ ਨੇ ਕਿਹਾ ਸੀ ਕਿ ਉਸ ਨੂੰ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਉਨ੍ਹਾਂ ਵੱਲੋਂ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਸਖਤ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਦੇ ਬਿਨੈ-ਪੱਤਰ ਅਨੁਸਾਰ ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾਈ ਜਾਵੇ ਅਤੇ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ

ਚਲਦਾ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ: 491/2019**

ਕੇ ਪਿਛਲੀ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਖਿਲਾਫ ਸੂਚਨਾ ਦਾ ਅਧਿਕਾਰ ਐਕਟ, 2005 ਤਹਿਤ ਇਕਤਰਫ਼ਾ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 15-04-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਪੇਸ਼ੀ, ਮਿਤੀ 15-04-2019 ਤੇ ਅਪੀਲਕਰਤਾ ਹਾਜ਼ਰ ਨਹੀਂ ਹੋਈ ਸੀ ਪਰੰਤੂ ਉਸ ਵੱਲੋਂ ਆਪਣੇ ਅਧਿਕਾਰਿਤ ਨੁਮਾਇੰਦੇ, ਸ਼੍ਰੀ ਵਰੁਣ ਬਾਂਸਲ, ਆਰ.ਟੀ.ਆਈ. ਕੌਂਸਲਰ (70091-42020) ਰਾਹੀਂ ਭੇਜੀ ਗਈ ਈ.ਮੇਲ, ਮਿਤੀ 15-04-2019 ਰਾਹੀਂ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਸੀ ਕਿ ਉਸ ਨੂੰ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਫਿਰ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਉਨ੍ਹਾਂ ਵੱਲੋਂ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ ਜਿਸ ਦਾ ਕਮਿਸ਼ਨ ਵੱਲੋਂ ਗੰਭੀਰ ਨੋਟਿਸ ਲਿਆ ਗਿਆ ਸੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਆਖਰੀ ਮੌਕਾ ਦਿੰਦੇ ਹੋਏ ਸਖਤ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਦੇ ਬਿਨੈ-ਪੱਤਰ ਅਨੁਸਾਰ ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾਈ ਜਾਵੇ ਅਤੇ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਲਗਾਤਾਰ ਪੇਸ਼ੀਆਂ ਤੇ ਹਾਜ਼ਰ ਨਾ ਹੋਣ ਬਾਰੇ ਆਪਣਾ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਖਿਲਾਫ ਸੂਚਨਾ ਦਾ ਅਧਿਕਾਰ ਐਕਟ, 2005 ਤਹਿਤ ਇਕਤਰਫ਼ਾ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 03-06-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

4. ਅੱਜ ਫਿਰ ਅਪੀਲਕਰਤਾ ਹਾਜ਼ਰ ਨਹੀਂ ਹੋਈ ਪਰੰਤੂ ਉਸ ਵੱਲੋਂ ਆਪਣੀ ਮਾਤਾ ਦੀ ਬਿਮਾਰੀ ਕਾਰਨ ਅੱਜ ਹਾਜ਼ਰ ਨਾ ਹੋਣ ਬਾਰੇ ਆਪਣੇ ਅਧਿਕਾਰਿਤ ਨੁਮਾਇੰਦੇ, ਸ਼੍ਰੀ ਵਰੁਣ ਬਾਂਸਲ, ਆਰ.ਟੀ.ਆਈ. ਕੌਂਸਲਰ (70091-42020) ਰਾਹੀਂ ਭੇਜੀ ਗਈ ਈ.ਮੇਲ, ਮਿਤੀ 03-06-2019 ਦੁਆਰਾ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ।ਇਸ ਲਈ ਉਨ੍ਹਾਂ ਵੱਲੋਂ ਸੂਚਨਾ ਮੁਹੱਈਆ ਕਰਾਉਣ ਅਤੇ ਲੋਕ ਸੂਚਨਾ ਅਧਿਕਾਰੀ ਨੂੰ ਜੁਰਮਾਨਾ ਲਾਉਣ ਬਾਰੇ ਵੀ ਬੇਨਤੀ ਕੀਤੀ ਗਈ ਹੈ।

5. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਲਗਾਤਾਰ ਤਿੰਨ ਪੇਸ਼ੀਆਂ ਤੇ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ ।ਇਸ ਤੋਂ ਇਲਾਵਾ ਲੋਕ ਸੂਚਨਾ ਅਧਿਕਾਰੀ ਦਫਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ), ਪੰਜਾਬ ਵੱਲੋਂ ਕਮਿਸ਼ਨ ਦੇ ਹੁਕਮਾਂ ਦੀ ਕੋਈ ਪ੍ਰਵਾਹ ਨਾ ਕਰਦੇ ਹੋਏ ਅਪੀਲਕਰਤਾ ਦੀ ਆਰ.ਟੀ.ਆਈ., ਮਿਤੀ 29-06-2018 ਸਬੰਧੀ ਉਸ ਨੂੰ ਅਜੇ ਤੱਕ ਸੂਚਨਾ ਨਹੀਂ ਭੇਜੀ ਗਈ ਜਦੋਂ ਕਿ ਆਰ.ਟੀ.ਆਈ. ਐਕਟ ਦੇ ਉਪਬੰਧਾਂ ਮੁਤਾਬਿਕ ਅਪੀਲਕਰਤਾ ਨੂੰ 30 ਦਿਨਾਂ ਦੇ ਅੰਦਰ-ਅੰਦਰ ਸੂਚਨਾ ਮੁਹੱਈਆ ਕਰਾਉਣੀ ਬਣਦੀ ਸੀ। ਇਸ ਤੋਂ ਜ਼ਾਹਿਰ ਹੈ ਕਿ ਉੱਤਰਦਾਤਾ ਸੂਚਨਾ ਦਾ ਅਧਿਕਾਰ ਐਕਟ, 2005 ਨਾਲ ਸਬੰਧਤ ਮਾਮਲਿਆਂ ਨੂੰ ਨਿਪਟਾਉਣ ਵੱਲ ਕੋਈ ਵਿਸ਼ੇਸ਼ ਧਿਆਨ ਨਹੀਂ ਦੇ ਰਹੇ, ਜਿਸ ਦਾ ਕਮਿਸ਼ਨ ਵੱਲੋਂ ਗੰਭੀਰ ਨੋਟਿਸ ਲਿਆ ਗਿਆ ਹੈ।

6. ਉਪਰੋਕਤ ਦਰਸਾਈ ਗਈ ਸਥਿਤੀ ਦੇ ਸਨਮੁੱਖ ਉੱਤਰਦਾਤਾ, ਲੋਕ ਸੂਚਨਾ ਅਧਿਕਾਰੀ, ਦਫ਼ਤਰ

ਚਲਦਾ----ਪੰਨਾ/3

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:** 491/2019

ਡਾਇਰੈਕਟਰ, ਸਿੱਖਿਆ (ਕਾਲਿਜਾਂ),(ਨਾਂ ਤੇ) ਪੰਜਾਬ ਨੂੰ ਸੂਚਨਾ ਦਾ ਅਧਿਕਾਰ ਐਕਟ, 2005 ਦੇ ਭਾਗ 20 (1) ਤਹਿਤ ਕਾਰਨ-ਦੱਸੋ ਨੋਟਿਸ ਜਾਰੀ ਕੀਤਾ ਜਾਂਦਾ ਹੈ ਕਿ ਉਹ ਹਲਫੀਆ-ਬਿਆਨ ਰਾਹੀਂ ਕਾਰਨ ਸਪੱਸ਼ਟ ਕਰਨ ਕਿ ਕਿਉਂ ਨਾ ਉਨ੍ਹਾਂ ਨੂੰ ਅਪੀਲਕਰਤਾ ਵੱਲੋਂ ਬਿਨੈ-ਪੱਤਰ ਪੇਸ਼ ਕਰਨ ਦੀ ਮਿਤੀ ਤੋਂ ਅਪੀਲਕਰਤਾ ਨੂੰ ਲੋੜੀਂਦੀ ਸੂਚਨਾ ਮੁਹੱਈਆ ਕਰਨ ਦੀ ਮਿਤੀ ਤੱਕ 250/-ਰੁਪਏ ਪ੍ਰਤੀ ਦਿਨ ਦੇ ਹਿਸਾਬ ਨਾਲ ਪਰ ਵੱਧ ਤੋਂ ਵੱਧ 25,000/-ਰੁਪਏ ਤੱਕ ਜੁਰਮਾਨੇ ਦੀ ਸਜ਼ਾ ਦਿੱਤੀ ਜਾਵੇ।

ਉਕਤ ਤਜਵੀਜ਼ਤ ਸਜ਼ਾ ਦੇਣ ਤੋਂ ਪਹਿਲਾਂ ਸੂਚਨਾ ਦਾ ਅਧਿਕਾਰ ਐਕਟ, 2005 ਦੇ ਭਾਗ 20 (1) ਦੇ ਹੇਠਾਂ ਦਿੱਤੇ ਗਏ ਪ੍ਰੋਵੀਜ਼ੋ ਤਹਿਤ ਸਬੰਧਤ ਅਧਿਕਾਰੀ ਨੂੰ ਆਪਣਾ ਜਵਾਬ ਪੇਸ਼ ਕਰਨ ਦਾ ਮੌਕਾ ਦਿੰਦੇ ਹੋਏ ਇਹ ਵੀ ਸਪੱਸ਼ਟ ਕੀਤਾ ਜਾਂਦਾ ਹੈ ਕਿ ਜੇਕਰ ਉਹ ਨਿਸ਼ਚਿਤ ਮਿਤੀ ਤੋਂ ਪਹਿਲਾਂ ਜਾਂ ਨਿਸ਼ਚਿਤ ਮਿਤੀ ਤੇ ਹਾਜ਼ਰ ਹੋ ਕੇ ਆਪਣਾ ਲਿਖਤੀ ਜਵਾਬ ਪੇਸ਼ ਨਹੀਂ ਕਰਦੇ ਤਾਂ ਇਹ ਸਮਝ ਲਿਆ ਜਾਵੇਗਾ ਕਿ ਉਹ ਆਪਣੇ ਪੱਖ ਵਿੱਚ ਕੁੱਝ ਵੀ ਨਹੀਂ ਕਹਿਣਾ ਚਾਹੁੰਦੇ ਅਤੇ ਐਕਟ ਦੇ ਉਪਬੰਧਾਂ ਤਹਿਤ ਉਨ੍ਹਾਂ ਵਿਰੁੱਧ ਬਣਦੀ ਅਗਲੇਰੀ ਇਕਤਰਫਾ ਕਾਰਵਾਈ ਕੀਤੀ ਜਾਵੇਗੀ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ** 02-07-2019 **ਨੂੰ ਸਵੇਰੇ** 11:30 **ਵਜੇ ਲਈ ਨਿਸ਼ਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ, ਚੰਡੀਗੜ੍ਹ,** 03 **ਜੂਨ,** 2019. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਤੇਜਿੰਦਰ ਸਿੰਘ, ਐਡਵੋਕੇਟ, (90410-04313)
ਪਿੰਡ ਭੋਲਾਪੁਰ,
ਡਾਕਖਾਨਾ ਰਾਮਗੜ੍ਹ,
ਚੰਡੀਗੜ੍ਹ ਰੋਡ,
ਲੁਧਿਆਣਾ-141123. ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਜਨਰਲ ਮੈਨੇਜਰ,
ਜ਼ਿਲ੍ਹਾ ਉਦਯੋਗ ਕੇਂਦਰ, ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਾਇਰੈਕਟਰ,
ਉਦਯੋਗ ਅਤੇ ਕਮਰਸ ਵਿਭਾਗ,
ਪੰਜਾਬ ਚੰਡੀਗੜ੍ਹ।

ਸ਼੍ਰੀ ਬਲਵਿੰਦਰ ਸਿੰਘ,
ਲੋਕ ਸੂਚਨਾ ਅਧਿਕਾਰੀ,
ਦਫਤਰ ਜਨਰਲ ਮੈਨੇਜਰ,
ਜ਼ਿਲ੍ਹਾ ਉਦਯੋਗ ਕੇਂਦਰ, ਲੁਧਿਆਣਾ। ....... ਉੱਤਰਦਾਤਾ

**ਅਪੀਲ ਕੇਸ ਨੰ:3640 ਆਫ਼ 2018**

**ਹਾਜ਼ਰ:-** 1) ਸ਼੍ਰੀ ਤੇਜਿੰਦਰ ਸਿੰਘ, ਐਡਵੋਕੇਟ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਬਲਵਿੰਦਰ ਸਿੰਘ, ਉਪ ਮੰਡਲ ਅਫਸਰ (98882-81841)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 15-06-2018, ਲੋਕ ਸੂਚਨਾ ਅਧਿਕਾਰੀ ਦਫਤਰ ਜਨਰਲ ਮੈਨੇਜਰ, ਜ਼ਿਲ੍ਹਾ ਉਦਯੋਗ ਕੇਂਦਰ, ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਕਾਂਗਰਸ ਸਰਕਾਰ ਬਣਨ ਤੋਂ ਬਾਅਦ ਮਾਈਨਿੰਗ ਲਈ ਬਣਾਈ ਗਈ ਪਾਲਿਸੀ ਨਾਲ ਸਬੰਧਤ 07 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 12-06-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 30-10-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 04-12-2018 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 16-01-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ)

ਚਲਦਾ---ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:3640 ਆਫ਼ 2018**

ਵੱਲੋਂ ਹਾਜ਼ਰ ਸ਼੍ਰੀ ਬਲਵਿੰਦਰ ਸਿੰਘ, ਉਪ ਮੰਡਲ ਅਫਸਰ ਨੇ ਕਿਹਾ ਹੈ ਕਿ ਅਪੀਲਕਰਤਾ ਨੂੰ ਸੂਚਨਾ ਦੇ ਦਿੱਤੀ ਗਈ ਹੈ। ਉਨ੍ਹਾਂ ਵੱਲੋਂ ਇਸ ਬਾਰੇ ਆਪਣੇ ਪੱਤਰ ਨੰ:519-20/ਐਮ.ਆਈ.ਜੀ./ਆਰ.ਟੀ.ਆਈ, ਮਿਤੀ 15-05-2019 ਜ਼ੋ ਕਿ ਅਪੀਲਕਰਤਾ ਨੂੰ ਸੰਬੋਧਿਤ ਹੈ, ਰਾਹੀਂ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਹੋਇਆ ਹੈ। ਅਪੀਲਕਰਤਾ ਨੇ ਮੰਨਿਆ ਹੈ ਕਿ ਉਸ ਨੂੰ ਸੂਚਨਾ ਪ੍ਰਾਪਤ ਹੋ ਗਈ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ, ਚੰਡੀਗੜ੍ਹ, 03 ਜੂਨ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਕਾਪੀ:-

ਲੋਕ ਸੂਚਨਾ ਅਧਿਕਾਰੀ,
ਦਫਤਰ ਮਾਈਨਿੰਗ-ਕਮ-ਸਿੰਚਾਈ ਵਿਭਾਗ,
ਅਰਬਨ ਐਸਟੇਟ, ਫੇਸ-2,
ਨੇੜੇ ਮਾਤਾ ਦੁਰਗਾ ਮੰਦਿਰ, ਦੁੱਗਰੀ,
ਲੁਧਿਆਣਾ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਵਿਜੇ ਕੁਮਾਰ, (ਮੋਬ 9463292792)
ਪੁੱਤਰ ਸ਼੍ਰੀ ਤੀਰਥ ਰਾਮ,
ਪਿੰਡ ਤੇ ਡਾਕਖਾਨਾ ਪੰਜਤੂਰ,
ਤਹਿਸੀਲ ਧਰਮਕੋਟ,
ਜ਼ਿਲ੍ਹਾ ਮੋਗਾ। -------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਕਾਰਜ ਸਾਧਕ ਅਫਸਰ,
ਨਗਰ ਪੰਚਾਇਤ, ਫਤਿਹਗੜ੍ਹ ਪੰਜਤੂਰ,
ਮੋਗਾ। --------ਉੱਤਰਦਾਤਾ

**ਸ਼ਿਕਾਇਤ ਕੇਸ ਨੰ:191/2019**

**ਹਾਜ਼ਰ:-**

1) ਸ਼੍ਰੀ ਵਿਜੇ ਕੁਮਾਰ, ਸ਼ਿਕਾਇਤਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਅਸ਼ੋਕ ਕੁਮਾਰ, ਜੂਨੀਅਰ ਇੰਜੀਨੀਅਰ(98147-00037), ਸ਼੍ਰੀ ਤਰਸੇਮ ਸਿੰਘ, ਜੂਨੀਅਰ ਸਹਾਇਕ (96460-62800) ਅਤੇ ਸ਼੍ਰੀ ਸਚਿਨ ਅਰੋੜਾ, ਕੰਪਿਊਟਰ ਆਪ੍ਰੇਟਰ-ਕਮ- ਕਲਰਕ (99144-55229)।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 27-10-2018, ਲੋਕ ਸੂਚਨਾ ਅਧਿਕਾਰੀ ਦਫਤਰ ਕਾਰਜ ਸਾਧਕ ਅਫਸਰ, ਨਗਰ ਪੰਚਾਇਤ, ਫਤਿਹਗੜ੍ਹ ਪੰਜਤੂਰ, ਮੋਗਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਿਤੀ 01-04-2017 ਤੋਂ 31-10-2018 ਤੱਕ ਇੰਟਰਲੌਕ ਟਾਈਲਾਂ ਲਗਾਉਣ ਦੇ ਹੋਏ ਠੇਕੇ ਅਤੇ ਗੁਣਵੱਤਾ ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 18-02-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 15-03-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 23-04-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਸ਼ਿਕਾਇਤਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਤਰਸੇਮ ਸਿੰਘ, ਜੂਨੀਅਰ ਸਹਾਇਕ ਨੇ ਪੱਤਰ ਨੰ: 363-364, ਮਿਤੀ 01-05-2019 ਜ਼ੋ ਕਿ ਸ਼ਿਕਾਇਤਕਰਤਾ ਨੂੰ ਸੰਬੋਧਿਤ ਹੈ, ਪੇਸ਼ ਕੀਤਾ ਹੈ, ਜਿਸ ਰਾਹੀਂ ਸ਼ਿਕਾਇਤਕਰਤਾ ਨੂੰ ਪੇਸ਼ੀ ਦੌਰਾਨ ਸੂਚਨਾ ਦਸਤੀ ਦੇ ਦਿੱਤੀ ਗਈ ਹੈ। ਇਸ ਤੋਂ ਇਲਾਵਾ ਹਾਜ਼ਰ ਉੱਤਰਦਾਤਾ, ਸ਼੍ਰੀ ਤਰਸੇਮ ਸਿੰਘ, ਜੂਨੀਅਰ ਸਹਾਇਕ ਨੇ ਆਪਣੇ ਪੱਤਰ, ਮਿਤੀ 03-06-2019 ਰਾਹੀਂ ਲਿਖਤੀ ਰੂਪ ਵਿੱਚ ਇਹ ਵੀ ਦੱਸਿਆ ਹੈ ਕਿ ਸ਼੍ਰੀ ਭਰਤਵੀਰ ਸਿੰਘ, ਕਾਰਜ ਸਾਧਕ ਅਫਸਰ, ਨਗਰ ਪੰਚਾਇਤ, ਫਤਿਹਗੜ੍ਹ ਪੰਜਤੂਰ, (ਮੋਗਾ), ਉਨ੍ਹਾਂ ਦੀ ਸੱਸ-ਮਾਤਾ ਜੀ ਦਾ ਮਿਤੀ 02-06-2019 ਨੂੰ ਹੋ ਦਿਹਾਂਤ ਹੋ ਜਾਣ ਕਾਰਨ ਅੱਜ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਨਹੀਂ ਹੋ ਸਕੇ । ਇਸ ਕਰਕੇ ਹਾਜ਼ਰ ਉੱਤਰਦਾਤਾ ਵੱਲੋਂ ਕਾਰਜ ਸਾਧਕ ਅਫਸਰ, ਨਗਰ ਪੰਚਾਇਤ, ਫਤਿਹਗੜ੍ਹ ਪੰਜਤੂਰ, (ਮੋਗਾ) ਦੀ ਅੱਜ ਪੇਸ਼ੀ ਤੇ ਹਾਜ਼ਰ ਹੋਣ ਤੋਂ ਛੋਟ ਲਈ ਬੇਨਤੀ ਕੀਤੀ ਗਈ ਹੈ। ਹਾਜ਼ਰ ਉੱਤਰਦਾਤਾ ਦੀ ਬੇਨਤੀ ਪ੍ਰਵਾਨ ਕਰਦੇ ਹੋਏ ਉਸ ਵੱਲੋਂ ਪੇਸ਼ ਕੀਤੇ ਗਏ ਪੱਤਰ ਮਿਸਲ ਤੇ ਰੱਖ ਲਏ ਗਏ ਹਨ। ਸ਼ਿਕਾਇਤਕਰਤਾ ਨੇ ਸੂਚਨਾ ਦਸਤੀ ਪ੍ਰਾਪਤ ਕਰ ਲਈ ਹੈ ਅਤੇ ਸੰਤੁਸ਼ਟੀ ਪ੍ਰਗਟਾਈ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ, ਚੰਡੀਗੜ੍ਹ, 03 ਜੂਨ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਵਿਜੇ ਕੁਮਾਰ, (ਮੋਬ 9463292792)
ਪੁੱਤਰ ਸ਼੍ਰੀ ਤੀਰਥ ਰਾਮ,
ਪਿੰਡ ਤੇ ਡਾਕਖਾਨਾ ਪੰਜਤੂਰ,
ਤਹਿਸੀਲ ਧਰਮਕੋਟ,
ਜ਼ਿਲ੍ਹਾ ਮੋਗਾ। --------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਕਾਰਜ ਸਾਧਕ ਅਫਸਰ,
ਨਗਰ ਪੰਚਾਇਤ, ਫਤਿਹਗੜ੍ਹ ਪੰਜਤੂਰ, ਮੋਗਾ। --------ਉੱਤਰਦਾਤਾ

**ਸ਼ਿਕਾਇਤ ਕੇਸ ਨੰ:192/2019**

**ਹਾਜ਼ਰ:-**

1) ਸ਼੍ਰੀ ਵਿਜੇ ਕੁਮਾਰ, ਸ਼ਿਕਾਇਤਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਅਸ਼ੋਕ ਕੁਮਾਰ, ਜੂਨੀਅਰ ਇੰਜੀਨੀਅਰ(98147-00037), ਸ਼੍ਰੀ ਤਰਸੇਮ ਸਿੰਘ, ਜੂਨੀਅਰ ਸਹਾਇਕ (96460-62800) ਅਤੇ ਸ਼੍ਰੀ ਸਚਿਨ ਅਰੋੜਾ, ਕੰਪਿਊਟਰ ਆਪ੍ਰੇਟਰ-ਕਮ- ਕਲਰਕ (99144-55229)।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 26-10-2018, ਲੋਕ ਸੂਚਨਾ ਅਧਿਕਾਰੀ ਦਫਤਰ ਕਾਰਜ ਸਾਧਕ ਅਫਸਰ, ਨਗਰ ਪੰਚਾਇਤ, ਫਤਿਹਗੜ੍ਹ ਪੰਜਤੂਰ, ਮੋਗਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਨਗਰ ਪੰਚਾਇਤ ਬਣਨ ਤੋਂ ਮਿਤੀ 31-10-2018 ਤੱਕ ਗਰਾਂਟ ਅਤੇ ਆਮਦਨ ਦੇ ਵੇਰਵੇ ਨਾਲ ਸਬੰਧਤ 03 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 18-02-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 15-03-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 23-04-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਸ਼ਿਕਾਇਤਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਤਰਸੇਮ ਸਿੰਘ, ਜੂਨੀਅਰ ਸਹਾਇਕ ਨੇ ਪੱਤਰ ਨੰ: 365-366, ਮਿਤੀ 01-05-2019 ਜੋ ਕਿ ਸ਼ਿਕਾਇਤਕਰਤਾ ਨੂੰ ਸੰਬੋਧਿਤ ਹੈ, ਪੇਸ਼ ਕੀਤਾ ਹੈ, ਜਿਸ ਰਾਹੀਂ ਸ਼ਿਕਾਇਤਕਰਤਾ ਨੂੰ ਪੇਸ਼ੀ ਦੌਰਾਨ ਸੂਚਨਾ ਦਸਤੀ ਦੇ ਦਿੱਤੀ ਗਈ ਹੈ। ਇਸ ਤੋਂ ਇਲਾਵਾ ਹਾਜ਼ਰ ਉੱਤਰਦਾਤਾ, ਸ਼੍ਰੀ ਤਰਸੇਮ ਸਿੰਘ, ਜੂਨੀਅਰ ਸਹਾਇਕ ਨੇ ਆਪਣੇ ਪੱਤਰ, ਮਿਤੀ 03-06-2019 ਰਾਹੀਂ ਲਿਖਤੀ ਰੂਪ ਵਿੱਚ ਇਹ ਵੀ ਦੱਸਿਆ ਹੈ ਕਿ ਸ਼੍ਰੀ ਭਰਤਵੀਰ ਸਿੰਘ, ਕਾਰਜ ਸਾਧਕ ਅਫਸਰ, ਨਗਰ ਪੰਚਾਇਤ, ਫਤਿਹਗੜ੍ਹ ਪੰਜਤੂਰ, (ਮੋਗਾ), ਉਨ੍ਹਾਂ ਦੀ ਸੱਸ-ਮਾਤਾ ਜੀ ਦਾ ਮਿਤੀ 02-06-2019 ਨੂੰ ਹੋ ਦਿਹਾਂਤ ਹੋ ਜਾਣ ਕਾਰਨ ਅੱਜ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਨਹੀਂ ਹੋ ਸਕੇ । ਇਸ ਕਰਕੇ ਹਾਜ਼ਰ ਉੱਤਰਦਾਤਾ ਵੱਲੋਂ ਕਾਰਜ ਸਾਧਕ ਅਫਸਰ, ਨਗਰ ਪੰਚਾਇਤ, ਫਤਿਹਗੜ੍ਹ ਪੰਜਤੂਰ, (ਮੋਗਾ) ਦੀ ਅੱਜ ਪੇਸ਼ੀ ਤੇ ਹਾਜ਼ਰ ਹੋਣ ਤੋਂ ਛੋਟ ਲਈ ਬੇਨਤੀ ਕੀਤੀ ਗਈ ਹੈ। ਹਾਜ਼ਰ ਉੱਤਰਦਾਤਾ ਦੀ ਬੇਨਤੀ ਪ੍ਰਵਾਨ ਕਰਦੇ ਹੋਏ ਉਸ ਵੱਲੋਂ ਪੇਸ਼ ਕੀਤੇ ਗਏ ਪੱਤਰ ਮਿਸਲ ਤੇ ਰੱਖ ਲਏ ਗਏ ਹਨ। ਸ਼ਿਕਾਇਤਕਰਤਾ ਨੇ ਸੂਚਨਾ ਦਸਤੀ ਪ੍ਰਾਪਤ ਕਰ ਲਈ ਹੈ ਅਤੇ ਸੰਤੁਸ਼ਟੀ ਪ੍ਰਗਟਾਈ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ, ਚੰਡੀਗੜ੍ਹ, 03 ਜੂਨ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਚਰਨਜੀਤ ਸਿੰਘ, (94636-86865)
ਪੱਤਰ ਸ਼੍ਰੀ ਪਲਵਿੰਦਰ ਜੀਤ ਸਿੰਘ,
ਪਿੰਡ ਤੇ ਡਾਕਖਾਨਾ ਸੂਰਾਪੁਰ,
ਤਹਿਸੀਲ ਨਵਾਂ ਸ਼ਹਿਰ
ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸੀਨੀਅਰ ਕਪਤਾਨ, ਪੁਲਿਸ,
ਨਵਾਂ ਸ਼ਹਿਰ।

ਪਹਿਲੀ ਅਪੀਲੀ ਅਥਾਰਟੀ ,
ਦਫਤਰ ਡਿਪਟੀ ਇੰਸਪੈਕਟਰ ਜਨਰਲ ਆਫ ਪੁਲਿਸ,
ਲੁਧਿਆਣਾ ਰੇਂਜ, ਲੁਧਿਆਣਾ। -------ਉੱਤਰਦਾਤਾ

**ਅਪੀਲ ਕੇਸ ਨੰ :1745/2018**

**ਹਾਜ਼ਰ:-**

1) ਸ਼੍ਰੀ ਚਰਨਜੀਤ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਮੋਹਨ ਦਾਸ, ਇੰਸਪੈਕਟਰ (99155-44255)।

**ਹੁਕਮ:**

ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਮੋਹਨ ਦਾਸ, ਇੰਸਪੈਕਟਰ ਨੇ ਸੂਚਨਾ ਪੇਸ਼ ਕੀਤੀ ਹੈ ਪਰੰਤੂ ਸੂਚਨਾ ਸਪੱਸ਼ਟ ਨਹੀਂ ਹੈ ਅਤੇ ਨਾ ਹੀ ਉਸ ਤੇ ਕੋਈ ਕਵਰਿੰਗ ਪੱਤਰ ਲਗਾਇਆ ਗਿਆ ਹੈ ਜਿਸ ਤੋਂ ਇਹ ਪਤਾ ਚੱਲ ਸਕੇ ਕਿ ਇਹ ਸੂਚਨਾ ਕਿਸ ਨੂੰ ਦਿੱਤੀ ਜਾਣੀ ਹੈ। ਇਸ ਕਰਕੇ ਹਾਜ਼ਰ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਇਸ ਸਬੰਧੀ ਵਿਸਥਾਰ-ਪੂਰਵਕ ਜਵਾਬ, ਬਾਕਾਇਦਾ ਕਵਰਿੰਗ ਪੱਤਰ ਨਾਲ ਪੇਸ਼ ਕੀਤਾ ਜਾਵੇ। ਇਸ ਬਾਰੇ ਹਾਜ਼ਰ ਉੱਤਰਦਾਤਾ ਨੂੰ ਜ਼ੁਬਾਨੀ ਵੀ ਸਮਝਾ ਦਿੱਤਾ ਗਿਆ ਹੈ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 19-06-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ, ਚੰਡੀਗੜ੍ਹ, 03 ਜੂਨ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਛਿੰਦਰ ਸਿੰਘ, (99143-82664)
ਪੁੱਤਰ ਸ਼੍ਰੀ ਪ੍ਰੀਤਮ ਸਿੰਘ,
ਵਾਸੀ ਪਿੰਡ ਝੰਡੂਵਾਲ, ਡਾਕਖਾਨਾ ਰਣਜੀਤਗੜ੍ਹ
ਤਹਿਸੀਲ ਗੁਰੂਹਰਸਹਾਏ,
ਜ਼ਿਲ੍ਹਾ ਫਿਰੋਜ਼ਪੁਰ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸਕੱਤਰ/ਪ੍ਰਧਾਨ,
ਬਸਤੀ ਝੰਡੂਵਾਲਾ ਮਲਟੀਪਰਪਜ਼ ਕੋਆਪ੍ਰੇਟਿਵ
ਐਗਰੀਕਲਚਰ ਸੋਸਾਇਟੀ ਲਿਮਟਿਡ,
ਤਹਿਸੀਲ ਗੁਰੂਹਰਸਹਾਏ,
ਜ਼ਿਲ੍ਹਾ ਫਿਰੋਜ਼ਪੁਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਿਪਟੀ ਰਜਿਸਟਰਾਰ,
ਕੋਆਪ੍ਰੇਟਿਵ ਸੋਸਾਇਟੀਜ਼, ਫਿਰੋਜ਼ਪੁਰ।

ਸ਼੍ਰੀ ਰਾਜਪਾਲ ਸਿੰਘ,
ਲੋਕ ਸੂਚਨਾ ਅਧਿਕਾਰੀ,
ਦਫਤਰ ਸਹਾਇਕ ਰਜਿਸਟਰਾਰ,
ਸਹਿਕਾਰੀ ਸਭਾਵਾਂ, ਜਲਾਲਾਬਾਦ,
ਜ਼ਿਲ੍ਹਾ ਫਿਰੋਜ਼ਪੁਰ। -------ਉੱਤਰਦਾਤਾ

**ਅਪੀਲ ਕੇਸ ਨੰ:1475/2018**

**ਹਾਜ਼ਰ:-**

1) ਸ਼੍ਰੀ ਛਿੰਦਰ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਹਰਜੋਤ ਸਿੰਘ ਬੇਦੀ, ਐਡਵੋਕੇਟ(98152-68687) ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 10-10-2017, ਲੋਕ ਸੂਚਨਾ ਅਧਿਕਾਰੀ ਦਫਤਰ ਸਹਾਇਕ ਰਜਿਸਟਰਾਰ, ਸਹਿਕਾਰੀ ਸਭਾਵਾਂ, ਜਲਾਲਾਬਾਦ, ਪੱਛਮੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਿਤੀ 29-11-2014 ਤੋਂ 10-10-2017 ਤੱਕ ਕਾਰਵਾਈ ਰਜਿਸਟਰ ਅਤੇ ਟਰੈਕਟਰ ਦੀ ਆਮਦਨ ਅਤੇ ਖਰਚ ਦੇ ਵੇਰਵੇ ਆਦਿ ਨਾਲ ਸਬੰਧਤ 03 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ ਪਰੰਤੂ ਸਹਾਇਕ ਰਜਿਸਟਰਾਰ, ਸਹਿਕਾਰੀ ਸਭਾਵਾਂ, ਜਲਾਲਾਬਾਦ ਵੱਲੋ ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ ਆਪਣੇ ਪੱਤਰ, ਮਿਤੀ 14-11-2017 ਰਾਹੀਂ ਆਰ.ਟੀ.ਐਕਟ, 2005 ਦੀ ਧਾਰਾ 6(3) ਤਹਿਤ ਸਕੱਤਰ/ਪ੍ਰਧਾਨ, ਬਸਤੀ ਝੰਡੂਵਾਲਾ ਮਲਟੀਪਰਪਜ਼ ਕੋਆਪ੍ਰੇਟਿਵ ਐਗਰੀਕਲਚਰ ਸੋਸਾਇਟੀ ਲਿਮਟਿਡ, ਤਹਿਸੀਲ ਗੁਰੂਹਰਸਹਾਏ, ਜ਼ਿਲ੍ਹਾ ਫਿਰੋਜ਼ਪੁਰ ਨੂੰ ਤਬਦੀਲ ਕਰ ਦਿੱਤੀ ਗਈ ਸੀ। ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 30-12-2017 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 24-09-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 26-06-2018 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ

ਚਲਦਾ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:**1475/2018

ਸੁਣਵਾਈ ਮਿਤੀ 04-07-2018 ਨੂੰ ਸਵੇਰੇ 11:00 ਵਜੇ ਲਈ ਨਿਸਚਿਤ ਕੀਤਾ ਗਿਆ ਸੀ ਪਰੰਤੂ ਬਾਅਦ ਵਿੱਚ ਇਸ ਕੇਸ ਦੀ ਸੁਣਵਾਈ ਮੁਲਤਵੀ ਕਰਕੇ ਇਹ ਕੇਸ ਮਿਤੀ 13-08-2018 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਨੇ ਅੱਜ ਫਿਰ ਹਾਜ਼ਰ ਹੋ ਕੇ ਦੱਸਿਆ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ।

3. ਲੋਕ ਸੂਚਨਾ ਅਧਿਕਾਰੀ, ਦਫਤਰ ਸਕੱਤਰ/ਪ੍ਰਧਾਨ, ਬਸਤੀ ਝੰਡੂਵਾਲਾ ਮਲਟੀਪਰਪਜ਼ ਕੋਆਪ੍ਰੇਟਿਵ ਐਗਰੀਕਲਚਰ ਸੋਸਾਇਟੀ ਲਿਮਟਿਡ, ਤਹਿਸੀਲ ਗੁਰੂਹਰਸਹਾਏ, ਜ਼ਿਲ੍ਹਾ ਫਿਰੋਜ਼ਪੁਰ ਦੀ ਤਰਫੋਂ ਹਾਜ਼ਰ ਸ਼੍ਰੀ ਹਰਜੋਤ ਸਿੰਘ ਬੇਦ, ਐਡਵੋਕੇਟ ਨੇ ਆਪਣਾ ਲਿਖਤੀ ਜਵਾਬ, ਮਿਤੀ 03-06-2019 ਪੇਸ਼ ਕੀਤਾ ਹੈ ਜ਼ੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ। ਇਸ ਜਵਾਬ ਰਾਹੀਂ ਉੱਤਰਦਾਤਾ (ਕੋਆਪ੍ਰੇਟਿਵ ਐਗਰੀਕਲਚਰ ਸੁਸਾਇਟੀ) ਵੱਲੋਂ ਹਾਜ਼ਰ ਨੁਮਾਇੰਦੇ ਨੇ ਕਮਿਸ਼ਨ ਦੇ ਧਿਆਨ ਵਿੱਚ ਲਿਆਂਦਾ ਗਿਆ ਕਿ ਉਨ੍ਹਾਂ ਦੀ ਸੁਸਾਇਟੀ ਇੱਕ ਲੋਕ ਅਥਾਰਟੀ ਨਹੀਂ ਜਿਸ ਕਰਕੇ ਉਹ ਆਰ.ਟੀ.ਆਈ. ਐਕਟ, 2005 ਦੇ ਅਧਿਕਾਰ ਖੇਤਰ ਵਿੱਚ ਨਹੀਂ ਆਉਂਦੀ। ਇਸ ਕਰਕੇ ਉਨ੍ਹਾਂ ਵੱਲੋਂ ਅਪੀਲਕਰਤਾ ਨੂੰ ਕੋਈ ਸੂਚਨਾ ਨਹੀਂ ਦੇਣੀ ਬਣਦੀ। ਇਸ ਤਰ੍ਹਾਂ ਉਨ੍ਹਾਂ ਵੱਲੋਂ ਦੱਸਿਆ ਗਿਆ ਹੈ ਕਿ ਇਸ ਕੇਸ ਵਿੱਚ ਜ਼ੋ ਵੀ ਸੂਚਨਾ ਦਿੱਤੀ ਜਾਣੀ ਹੈ ਉਹ ਸਹਾਇਕ ਰਜਿਸਟਰਾਰ, ਸਹਿਕਾਰੀ ਸਭਾਵਾਂ ਜਲਾਲਾਬਾਦ ਵੱਲੋਂ ਦਿੱਤੀ ਜਾਣੀ ਬਣਦੀ ਹੈ।

4. ਇਸ ਕੇਸ ਦੇ ਨਿਪਟਾਰੇ ਹਿੱਤ ਸ਼੍ਰੀ ਰਾਜਪਾਲ ਸਿੰਘ, ਸਹਾਇਕ ਰਜਿਸਟਰਾਰ, ਸਹਿਕਾਰੀ ਸਭਾਵਾਂ ਜਲਾਲਾਬਾਦ ਨੂੰ ਹਾਜ਼ਰ ਕਰਾਉਣਾ ਲਾਜ਼ਮੀ ਹੈ। ਇਸ ਲਈ ਸੂਚਨਾ ਦਾ ਅਧਿਕਾਰ ਐਕਟ 2005 ਦੀ ਧਾਰਾ 18 ਤਹਿਤ ਸ਼੍ਰੀ ਰਾਜਪਾਲ ਸਿੰਘ, ਸਹਾਇਕ ਰਜਿਸਟਰਾਰ, ਸਹਿਕਾਰੀ ਸਭਾਵਾਂ ਜਲਾਲਾਬਾਦ ਦੇ ਜਮਾਨਤੀ ਵਾਰੰਟ (Warrant) ਜਾਰੀ ਕਰਦੇ ਹੋਏ ਸੀਨੀਅਰ ਕਪਤਾਨ ਪੁਲਿਸ, ਫਿਰੋਜ਼ਪੁਰ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸਬੰਧਤ ਅਧਿਕਾਰੀ ਨੂੰ **ਮਿਤੀ 08-07-2019 ਨੂੰ ਸਵੇਰੇ 11:30 ਵਜੇ** ਨਿਮਨ-ਹਾਸਤਾਖਰਤ ਦੀ ਅਦਾਲਤ ਵਿਖੇ ਪੇਸ਼ ਕੀਤਾ ਜਾਵੇ।

(ਨਿਧੱੜਕ ਸਿੰਘ ਬਰਾੜ)
**ਰਾਜ ਸੂਚਨਾ ਕਮਿਸ਼ਨਰ, ਪੰਜਾਬ**

**ਮਿਤੀ, ਚੰਡੀਗੜ੍ਹ,** 03 **ਜੂਨ,** 2019.

**ਕਾਪੀ:-**

ਸੀਨੀਅਰ ਕਪਤਾਨ ਪੁਲਿਸ,
ਫਿਰੋਜ਼ਪੁਰ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

REGISTERED

**BAILABLE WARRANT OF PRODUCTION**

BEFORE SH. NIDHARAK SINGH BRAR, STATE INFORMATION COMMISSIONER, PUNJAB
Red Cross Bhawan, Madhya Marg, Sector-16,Chandigarh.

In the case of Shri Chhinder Singh V/s Shri Raajpal Singh, Assistant Registrar, Cooperative Societies, Jalalabad.

**Appeal Case No. 1475 of 2018**
**UNDER SECTION 18 OF THE RIGHT TO INFORMATION ACT, 2005**

**NEXT DATE OF HEARING: 08-07-2019 AT 11-30 A.M.**

To

The Senior Superintendent of Police,
Ferozepur.

Whereas Shri Raajpal Singh, Assistant Registrar, Cooperative Societies, Jalalabad has failed to appear before the State Information Commissioner despite the issuance of repeated notices/directions in the above mentioned Appeal Case. Therefore, you are hereby directed to serve this bailable warrant on Shri Raajpal Singh, Assistant Registrar, Cooperative Societies, Jalalabad to appear before Shri Nidharak Singh Brar, State Information Commissioner, Punjab, Red Cross Bhawan, Madhya Marg, Sector-16, Chandigarh on **08-07-2019 at 11-30 A.M.** and submit his written submissions in regard to the order dated 03-06-2019 (copy enclosed) alongwith the information to be provided to the Complainant.

Chandigarh,
Dated: 03-06-2019

**(Nidharak Singh Brar)**
**State Information Commissioner, Punjab.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਕਰਨਲ ਐਫ.ਐਸ .ਦੇਹਲ (ਰਿਟਾ:), (79864-45017)
#491 ਫੇਸ 1-ਬੀ, ਸ਼ਿਵਾਲਿਕ ਐਵਨਿਊ,
ਨਵਾਂ ਨੰਗਲ, ਜ਼ਿਲ੍ਹਾ ਰੋਪੜ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਨਗਰ ਕੌਂਸਿਲ, ਨਵਾਂ ਨੰਗਲ,
ਜ਼ਿਲ੍ਹਾ ਰੋਪੜ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਿਪਟੀ ਡਾਇਰੈਕਟਰ,
ਅਰਬਨ ਲੋਕਲ ਬਾਡੀਜ਼,
ਲੁਧਿਆਣਾ। ------ਉੱਤਰਦਾਤਾ

**ਅਪੀਲ ਕੇਸ ਨੰ:2224/2018**

**ਹਾਜ਼ਰ:-**

1) ਕਰਨਲ ਐਫ.ਐਸ .ਦੇਹਲ (ਰਿਟਾ:), ਅਪੀਲਕਰਤਾ।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹੁਕਮ:**

ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਲੋਕ ਸੂਚਨਾ ਅਧਿਕਾਰੀ, ਦਫਤਰ ਨਗਰ ਕੌਂਸਿਲ, ਨਵਾਂ ਨੰਗਲ ਵੱਲੋਂ ਆਪਣੇ ਪੱਤਰ ਨੰ:1726, ਮਿਤੀ 27-05-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਰਾਜ ਸੂਚਨਾ ਕਮਿਸ਼ਨਰ, ਸ਼੍ਰੀਮਤੀ ਪ੍ਰੀਤੀ ਚਾਵਲਾ ਜੀ ਵੱਲੋਂ ਅਪੀਲ ਕੇਸ ਨੰ:2364, 2366, 2367 ਅਤੇ 3240 ਆਫ 2018 ਵਿੱਚ ਅਪੀਲਕਰਤਾ ਸ਼੍ਰੀ ਸੁਮਿਤ ਕੁਮਾਰ ਨੂੰ ਦਫ਼ਤਰ ਨੰਗਲ ਵਿਖੇ ਰਿਕਾਰਡ ਵਿਖਾਉਣ ਵਾਸਤੇ ਮਿਤੀ 03-06-2019 ਨਿਸਿਚਤ ਕੀਤੀ ਹੋਈ ਹੈ। ਇਸ ਲਈ ਉਨ੍ਹਾਂ ਵੱਲੋਂ ਹਥਲੇ ਕੇਸ ਵਿੱਚ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੇ ਬਿਨੈ-ਪੱਤਰ ਅਨੁਸਾਰ, ਸੂਚਨਾ ਦਾ ਅਧਿਕਾਰ ਐਕਟ, 2005 ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਅਪੀਲਕਰਤਾ ਨੂੰ ਮੁਹੱਈਆ ਕਰਵਾਈ ਜਾਵੇ ਅਤੇ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 18-06-2019 ਨੂੰ ਸਵੇਰੇ 11-30 ਵਜੇ ਲਈ** ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ, ਚੰਡੀਗੜ੍ਹ, 03 ਜੂਨ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਕਰਨਲ ਐਫ.ਐੱਸ. ਦੇਹਲ (ਰਿਟਾ:)
491 ਫੇਸ 1-ਬੀ, ਸ਼ਿਵਾਲਿਕ ਐਵਨਿਊ
ਨਵਾਂ ਨੰਗਲ ਜ਼ਿਲ੍ਹਾ ਰੋਪੜ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਕਾਰਜ ਸਾਧਕ ਅਫਸਰ,
ਨਗਰ ਕੌਂਸਿਲ, ਨਵਾਂ ਨੰਗਲ,
ਜ਼ਿਲ੍ਹਾ ਰੂਪਨਗਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਿਪਟੀ ਡਾਇਰੈਕਟਰ,
ਅਰਬਨ ਲੋਕਲ ਬਾਡੀਜ਼, ਲੁਧਿਆਣਾ। ------ਉੱਤਰਦਾਤਾ

**ਅਪੀਲ ਕੇਸ ਨੰ:2993/2018**

**ਹਾਜ਼ਰ:-**

1) ਕਰਨਲ ਐਫ.ਐੱਸ .ਦੇਹਲ (ਰਿਟਾ:), ਅਪੀਲਕਰਤਾ।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹੁਕਮ:**

ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਲੋਕ ਸੂਚਨਾ ਅਧਿਕਾਰੀ, ਦਫਤਰ ਨਗਰ ਕੌਂਸਿਲ, ਨਵਾਂ ਨੰਗਲ ਵੱਲੋਂ ਆਪਣੇ ਪੱਤਰ ਨੰ:1726, ਮਿਤੀ 27-05-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਰਾਜ ਸੂਚਨਾ ਕਮਿਸ਼ਨਰ, ਸ਼੍ਰੀਮਤੀ ਪ੍ਰੀਤੀ ਚਾਵਲਾ ਜੀ ਵੱਲੋਂ ਅਪੀਲ ਕੇਸ ਨੰ:2364, 2366, 2367 ਅਤੇ 3240 ਆਫ 2018 ਵਿੱਚ ਅਪੀਲਕਰਤਾ ਸ਼੍ਰੀ ਸੁਮਿਤ ਕੁਮਾਰ ਨੂੰ ਦਫ਼ਤਰ ਨੰਗਲ ਵਿਖੇ ਰਿਕਾਰਡ ਵਿਖਾਉਣ ਵਾਸਤੇ ਮਿਤੀ 03-06-2019 ਨਿਸਿਚਤ ਕੀਤੀ ਹੋਈ ਹੈ। ਇਸ ਲਈ ਉਨ੍ਹਾਂ ਵੱਲੋਂ ਹਥਲੇ ਕੇਸ ਵਿੱਚ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੇ ਬਿਨੈ-ਪੱਤਰ ਅਨੁਸਾਰ, ਸੂਚਨਾ ਦਾ ਅਧਿਕਾਰ ਐਕਟ, 2005 ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਅਪੀਲਕਰਤਾ ਨੂੰ ਮੁਹੱਈਆ ਕਰਵਾਈ ਜਾਵੇ ਅਤੇ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 18-06-2019 ਨੂੰ ਸਵੇਰੇ 11-30 ਵਜੇ ਲਈ** ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ, ਚੰਡੀਗੜ੍ਹ, 03 ਜੂਨ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਦਬਕੇਸ਼ ਕੁਮਾਰ, (76960-03777)
ਪੁੱਤਰ ਸ਼੍ਰੀ ਗੰਗਾ ਰਾਮ,
306 ਨਰਸਿੰਗ ਹੋਸਟਲ, ਫੇਸ-2,
ਸਰਕਾਰੀ ਮੈਡੀਕਲ ਕਾਲਜ ਤੇ
ਹਸਪਤਾਲ, ਸੈਕਟਰ-32,
ਚੰਡੀਗੜ੍ਹ-160030 -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸਿਹਤ ਤੇ ਪਰਿਵਾਰ ਭਲਾਈ ਵਿਭਾਗ,
ਪੰਜਾਬ, ਪਲਾਟ ਨੰ:5, ਸੈਕਟਰ 34-ਏ,
ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਸਿਹਤ ਤੇ ਪਰਿਵਾਰ ਭਲਾਈ ਵਿਭਾਗ,
ਪੰਜਾਬ, ਪਲਾਟ ਨੰ:5, ਸੈਕਟਰ 34-ਏ,
ਚੰਡੀਗੜ੍ਹ। ------ਉੱਤਰਦਾਤਾ

**ਅਪੀਲ ਕੇਸ ਨੰ: 3774/2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਸਰਬਜੀਤ ਸਿੰਘ, ਸੁਪਰਡੰਟ-ਕਮ- ਲੋਕ ਸੂਜਨਾ ਅਧਿਕਾਰੀ (94640-84202) ਅਤੇ ਸ਼੍ਰੀ ਮਨਦੀਪ ਸਿੰਘ, ਸੀਨੀਅਰ ਸਹਾਇਕ (94175-87560)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 02-07-2018, ਲੋਕ ਸੂਚਨਾ ਅਧਿਕਾਰੀ ਦਫਤਰ ਸਿਹਤ ਤੇ ਪਰਿਵਾਰ ਭਲਾਈ ਵਿਭਾਗ,ਪੰਜਾਬ, ਚੰਡੀਗੜ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਗਰੁੱਪ-ਸੀ ਕਰਮਚਾਰੀਆਂ/ਨਰਸਿੰਗ ਸਟਾਫ ਨੂੰ ਮਿਲ ਰਹੀਆਂ ਛੁੱਟੀਆਂ ਅਤੇ ਤਨਖਾਹ ਆਦਿ ਨਾਲ ਸਬੰਧਤ 19 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 20-08-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 02-11-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 01-01-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 31-01-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਹਾਜ਼ਰ ਸ਼੍ਰੀ ਸਰਬਜੀਤ ਸਿੰਘ, ਸੁਪਰਡੰਟ-ਕਮ-ਲੋਕ ਸੂਜਨਾ ਅਧਿਕਾਰੀ ਨੇ ਆਪਣੇ ਪੱਤਰ, ਮਿਤੀ 03-06-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਹੈ ਕਿ ਕਮਿਸ਼ਨ ਦੇ ਹੁਕਮ, ਮਿਤੀ 31-01-2019 ਅਨੁਸਾਰ ਅਪੀਲਕਰਤਾ ਨੂੰ ਲੋੜੀਂਦੀ ਸੂਚਨਾ ਉਨ੍ਹਾਂ ਦੇ ਪੱਤਰ ਨੰ:ਈ 6(2) ਪੇ:19/987, ਮਿਤੀ

ਚਲਦਾ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:** 3774/2018

18-02-2019 ਰਾਹੀਂ ਮੁਹੱਈਆ ਕਰਵਾ ਦਿੱਤੀ ਗਈ ਸੀ, ਜਿਸ ਦੇ ਸਬੰਧ ਵਿੱਚ ਅਜੇ ਤੱਕ ਪ੍ਰਾਰਥੀ ਪਾਸੋ ਕੋਈ ਇਤਰਾਜ਼ (Observations) ਉਨ੍ਹਾਂ ਦੇ ਦਫ਼ਤਰ ਵਿਖੇ ਪ੍ਰਾਪਤ ਨਹੀਂ ਹੋਇਆ। ਅਪੀਲਕਰਤਾ ਇਸ ਕੇਸ ਦੀ ਸੁਣਵਾਈ ਦੀ ਪਿਛਲੀ ਮਿਤੀ 06-03-2019 ਅਤੇ ਅੱਜ ਵੀ ਹਾਜ਼ਰ ਨਹੀਂ ਹੋਇਆ ਜਿਸ ਤੋਂ ਸਪੱਸ਼ਟ ਹੁੰਦਾ ਹੈ ਕਿ ਅਪੀਲਕਰਤਾ ਉਸ ਨੂੰ ਪ੍ਰਾਪਤ ਹੋਈ ਸੂਚਨਾ ਤੋਂ ਸੰਤੁਸ਼ਟ ਹੈ। ਇਸ ਕਰਕੇ ਹਾਜ਼ਰ ਉੱਤਰਦਾਤਾ ਵੱਲੋਂ ਇਹ ਕੇਸ ਦਾਖਲ ਦਫ਼ਤਰ ਕਰਨ ਲਈ ਬੇਨਤੀ ਕੀਤੀ ਗਈ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

3. ਅਪੀਲਕਰਤਾ ਲਗਾਤਾਰ ਦੋ ਪੇਸ਼ੀਆਂ ਤੇ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਤੋਂ ਇਲਾਵਾ ਅਪੀਲਕਰਤਾ ਵੱਲੋਂ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਪਾਈ ਗਈ ਕਿਸੇ ਤਰੁੱਟੀ ਬਾਰੇ ਵੀ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਨਹੀਂ ਕੀਤਾ ਗਿਆ ਜਿਸ ਤੋਂ ਜ਼ਾਹਿਰ ਹੁੰਦਾ ਹੈ ਕਿ ਉਹ ਉੱਤਰਦਾਤਾ ਕੋਲੋਂ ਪ੍ਰਾਪਤ ਹੋਈ ਸੂਚਨਾ ਤੋਂ ਸੰਤੁਸ਼ਟ ਹੈ ਅਤੇ ਉਹ ਇਸ ਦੀ ਹੋਰ ਪੈਰਵਾਈ ਵਿੱਚ ਕੋਈ ਦਿਲਚਸਪੀ ਨਹੀਂ ਰੱਖਦਾ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ, ਚੰਡੀਗੜ੍ਹ,** 03 **ਜੂਨ,** 2019. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਦੀਪਕ ਵੜੈਚ, ਐਡਵੋਕੇਟ,
ਚੈਂਬਰ ਨੰ: 820,
ਜ਼ਿਲ੍ਹਾ ਕੋਰਟਸ ਕੰਪਲੈਕਸ,
ਡਿਸਟ੍ਰਿਕਟ ਕੋਰਟਸ, ਲੁਧਿਆਣਾ।                                                  ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪ੍ਰਮੁੱਖ ਸਕੱਤਰ,
ਸਾਇੰਸ, ਤਕਨਾਲੋਜੀ ਅਤੇ ਵਾਤਾਵਰਣ ਵਿਭਾਗ,
ਪੰਜਾਬ, ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਪ੍ਰਮੁੱਖ ਸਕੱਤਰ,
ਸਾਇੰਸ, ਤਕਨਾਲੋਜੀ ਅਤੇ ਵਾਤਾਵਰਣ ਵਿਭਾਗ,
ਪੰਜਾਬ, ਚੰਡੀਗੜ੍ਹ।

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਨਗਰ ਨਿਗਮ,
ਲੁਧਿਆਣਾ।                                                  ------ਉੱਤਰਦਾਤਾ

**ਅਪੀਲ ਕੇਸ ਨੰ:3264/2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਜਤਿੰਦਰ ਕੁਮਾਰ, ਲੋਕ ਸੂਚਨਾ ਅਧਿਕਾਰੀ (98788-91522), ਸ਼੍ਰੀ ਅਵਤਾਰ ਸਿੰਘ, ਜੂਨੀਅਰ ਇੰਜੀਨੀਅਰ (95011-71558) ਅਤੇ ਸ਼੍ਰੀ ਅਮਨਦੀਪ ਸਿੰਘ, ਪੀ.ਪੀ.ਸੀ.ਬੀ., ਏ.ਈ.ਈ., ਆਰ.ਓ.-।।(88722-22330)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 05-04-2018, ਲੋਕ ਸੂਚਨਾ ਅਧਿਕਾਰੀ ਦਫਤਰ ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਨੈਸ਼ਨਲ ਗਰੀਨ ਟ੍ਰਿਬਿਊਨਲ (ਐਨ.ਜੀ.ਟੀ.) ਦੇ ਹੁਕਮ, ਮਿਤੀ 24-10-2017 ਦੀ ਪਾਲਣਾ ਹਿੱਤ ਪੰਜਾਬ ਸਰਕਾਰ ਅਤੇ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਵੱਲੋਂ ਕੀਤੀ ਗਈ ਕਾਰਵਾਈ ਨਾਲ ਸਬੰਧਤ 03 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ ਪਰੰਤੂ ਪੰਜਾਬ ਸਰਕਾਰ, ਆਮ ਰਾਜ ਪ੍ਰਬੰਧ ਵਿਭਾਗ (ਆਮ ਤਾਲਮੇਲ ਸ਼ਾਖਾ) ਵੱਲੋ ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ ਆਪਣੇ ਪੱਤਰ, ਮਿਤੀ 28-05-2018 ਰਾਹੀਂ ਪ੍ਰਮੁੱਖ ਸਕੱਤਰ, ਸਾਇੰਸ, ਤਕਨਾਲੋਜੀ ਅਤੇ ਵਾਤਾਵਰਣ ਵਿਭਾਗ, ਅਤੇ ਪ੍ਰਮੁੱਖ ਸਕੱਤਰ, ਸਥਾਨਕ ਸਰਕਾਰ ਵਿਭਾਗ, ਪੰਜਾਬ, ਚੰਡੀਗੜ੍ਹ ਨੂੰ ਭੇਜ ਦਿੱਤੀ ਗਈ ਸੀ। ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 19-05-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 24-09-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 26-10-2018 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 20-11-2018 ਨੂੰ ਸਵੇਰੇ 11:00 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਜਤਿੰਦਰ ਕੁਮਾਰ, ਲੋਕ ਸੂਚਨਾ ਅਧਿਕਾਰੀ ਨੇ ਪੱਤਰ

ਚਲਦਾ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



ਨੰ:163/ਏ.ਈ.ਓ.-3, ਮਿਤੀ 29-05-2019 ਅਤੇ ਪੱਤਰ ਨੰ:164/ਏ.ਈ.ਓ.-3, ਮਿਤੀ 29-05-2019 ਦੇ ਨਾਲ ਸੂਚਨਾ ਪੇਸ਼ ਕਰਦੇ ਹੋਏ ਕਿਹਾ ਹੈ ਕਿ ਅਪੀਲਕਰਤਾ ਨੂੰ ਸੂਚਨਾ ਪਹਿਲਾਂ ਹੀ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੇ ਗਏ ਪੱਤਰ, ਮਿਸਲ ਤੇ ਰੱਖ ਲਏ ਗਏ ਹਨ। ਉਨ੍ਹਾਂ ਵੱਲੋਂ ਇਸ ਬਾਰੇ ਆਪਣੇ ਪੱਤਰ ਨੰ:ਆਰ.ਓ./ਲੁਧਿ-।।।/87, ਮਿਤੀ 09-04-2019 ਰਾਹੀਂ ਹਲਫੀਆ-ਬਿਆਨ, ਮਿਤੀ 08-04-2019 ਵੀ ਕਮਿਸ਼ਨ ਨੂੰ ਭੇਜਿਆ ਹੋਇਆ ਹੈ। ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ। ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ ਜਿਸ ਤੋਂ ਜ਼ਾਹਿਰ ਹੁੰਦਾ ਹੈ ਕਿ ਉਹ ਉੱਤਰਦਾਤਾ ਕੋਲੋਂ ਪ੍ਰਾਪਤ ਹੋਈ ਸੂਚਨਾ ਤੋਂ ਸੰਤੁਸ਼ਟ ਹੈ ਅਤੇ ਓਹ ਇਸ ਦੀ ਹੋਰ ਪੈਰਵਾਈ ਵਿੱਚ ਕੋਈ ਦਿਲਚਸਪੀ ਨਹੀਂ ਰੱਖਦਾ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ, ਚੰਡੀਗੜ੍ਹ,** 03 **ਜੂਨ,** 2019. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਕਾਪੀ:-**

1) ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪ੍ਰਮੁੱਖ ਸਕੱਤਰ, ਸਥਾਨਕ ਸਰਕਾਰ,
ਪੰਜਾਬ ਚੰਡੀਗੜ੍ਹ।

2) ਲੋਕ ਸੂਚਨਾ ਅਧਿਕਾਰੀ,
ਦਫ਼ਤਰ ਮੈਂਬਰ ਸਕੱਤਰ,
ਪੰਜਾਬ ਪ੍ਰਦੂਸ਼ਣ ਕੰਟਰੋਲ, ਬੋਰਡ,
ਪਟਿਆਲਾ।

3) ਇੰਜੀਨੀਅਰ ਪਰਮਜੀਤ ਸਿੰਘ,
ਲੋਕ ਸੂਚਨਾ ਅਧਿਕਾਰੀ-ਕਮ-
ਵਾਤਾਵਰਣ ਇੰਜੀਨੀਅਰ,
ਪੰਜਾਬ ਪ੍ਰਦੂਸ਼ਣ ਕੰਟਰੋਲ, ਬੋਰਡ,
ਰਿਜਨਲ ਦਫਤਰ-।।।, ਲੁਧਿਆਣਾ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਵਿਜੇ ਕੁਮਾਰ ਗੁਪਤਾ, (98885-16080)
ਮਕਾਨ ਨੰ:1016, ਸੈਕਟਰ-11,
ਪੰਚਕੂਲਾ।                                                            ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਦਫਤਰ ਪੰਜਾਬ ਵਿੱਤੀ ਕਾਰਪੋਰੇਸ਼ਨ,
ਸੈਕਟਰ-17, ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਪੰਜਾਬ ਵਿੱਤੀ ਕਾਰਪੋਰੇਸ਼ਨ,
ਸੈਕਟਰ-17, ਚੰਡੀਗੜ੍ਹ।                                                  -------ਉੱਤਰਦਾਤਾ

**ਅਪੀਲ ਕੇਸ ਨੰ:1602/2019**

**ਹਾਜ਼ਰ:-**

1) ਸ਼੍ਰੀ ਵਿਜੇ ਕੁਮਾਰ ਗੁਪਤਾ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਸੰਜੀਵ ਦੂਆ, ਏ.ਐਮ.-2 (70157-43382)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 06-02-2019, ਲੋਕ ਸੂਚਨਾ ਅਧਿਕਾਰੀ ਦਫਤਰ ਪੰਜਾਬ ਵਿੱਤੀ ਕਾਰਪੋਰੇਸ਼ਨ, ਸੈਕਟਰ-17, ਚੰਡੀਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਆਪਣੀ ਪਤਨੀ, ਸ਼੍ਰੀਮਤੀ ਸ਼ਾਂਤੀ ਗੁਪਤਾ ਦੇ ਪ੍ਰਾਵੀਡੈਂਟ ਫੰਡ ਅਤੇ ਸੇਵਾ ਰਿਕਾਰਡ ਨਾਲ ਸਬੰਧਤ 09 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 25-03-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 07-05-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 17-05-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 03-06-2019 ਨੂੰ ਸਵੇਰੇ 11:30 ਵਜੇ ਲਈ ਨਿਸ਼ਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਸੰਜੀਵ ਦੂਆ, ਏ.ਐਮ.-2 ਨੇ ਕਿਹਾ ਹੈ ਕਿ ਅਪੀਲਕਰਤਾ ਨੂੰ ਸੂਚਨਾ ਦੇ ਦਿੱਤੀ ਗਈ ਹੈ। ਅਪੀਲਕਰਤਾ ਨੇ ਮੰਨਿਆ ਹੈ ਕਿ ਉਸ ਨੂੰ ਸੂਚਨਾ ਪ੍ਰਾਪਤ ਹੋ ਗਈ ਹੈ ਅਤੇ ਉਹ ਪ੍ਰਾਪਤ ਸੂਚਨਾ ਤੋਂ ਸੰਤੁਸ਼ਟ ਹੈ ਪਰੰਤੂ ਉਸ ਨੇ ਇਹ ਵੀ ਕਿਹਾ ਕਿ ਕਮਿਸ਼ਨ ਵੱਲੋਂ ਨੋਟਿਸ ਜਾਰੀ ਕਰਨ ਤੋਂ ਬਾਅਦ ਲੋਕ ਸੂਚਨਾ ਅਧਿਕਾਰੀ ਵੱਲੋਂ ਉਸ ਨੂੰ ਸੂਚਨਾ ਮੁਹੱਈਆ ਕਰਵਾਈ ਗਈ ਹੈ। ਭਾਵੇਂ ਕਿ ਕਮਿਸ਼ਨ ਵੱਲੋਂ ਨੋਟਿਸ ਜਾਰੀ ਕਰਨ ਤੋਂ ਬਾਅਦ ਅਪੀਲਕਰਤਾ ਨੂੰ ਸੂਚਨਾ ਪ੍ਰਾਪਤ ਹੋਈ ਹੈ ਪਰੰਤੂ ਉਹ ਪ੍ਰਾਪਤ ਸੂਚਨਾ ਤੋਂ ਸੰਤੁਸ਼ਟ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ, ਚੰਡੀਗੜ੍ਹ, 03 ਜੂਨ, 2019.**                                **ਰਾਜ ਸੂਚਨਾ ਕਮਿਸ਼ਨਰ, ਪੰਜਾਬ।**